Vigilance Bureau, Punjab

**Vigilance nabs 8 officials in 8 bribery cases during Sept**

Chandigarh, October 20: State Vigilance Bureau, during its ongoing crusade against corruption, has been able to nab 8 employees red handed while accepting bribes in 8 different trap cases during the month of September, which includes 4 police personnel and 4 employees from other departments.

Disclosing this, Chief Director-cum-ADGP vigilance bureau Punjab B.K. Uppal said the VB has put up its best efforts to eradicate corruption amongst public servants and others in every sphere during the period. In this direction, the vigilance officers have ensured that suspect did not escape judicial punishment in the various courts in the State, he added.

He said the Bureau has submitted challans pertaining to 9 vigilance cases in various special courts in the last month. Apart from this, 6 vigilance enquires (VEs) have also been registered against public servants to probe the corruption cases thoroughly. Apart from this, one case has been registered for amassing disproportionate assets.

Giving more details, he informed that special court have decided one bribery case filed and contested by the Bureau during the last month, in which Prem Saran Bansal, Store Keeper at Civil Surgeon Office, Roopnagar, was convicted and sentenced with 3 years imprisonment and fine of Rs. 10,000/- by the Addl. District and Session Judge, Roopnagar.

__________

ਵਿਜੀਲੈਂਸ ਬਿਊਰੋ ਪੰਜਾਬ

**ਵਿਜੀਲੈਂਸ ਨੇ ਸਤੰਬਰ ਮਹੀਨੇ 8 ਮੁਲਾਜ਼ਮਾਂ ਨੂੰ ਰਿਸ਼ਵਤ ਲੈਂਦੇ ਦਬੋਚਿਆ**

ਚੰਡੀਗੜ੍ਹ, 20 ਸਤੰਬਰ : ਪੰਜਾਬ ਵਿਜੀਲੈਂਸ ਬਿਊਰੋ ਨੇ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਤਹਿਤ ਸਤੰਬਰ ਮਹੀਨੇ ਦੌਰਾਨ ਕੁੱਲ 8 ਛਾਪੇ ਮਾਰਕੇ 8 ਸਰਕਾਰੀ ਮੁਲਾਜ਼ਮਾਂ ਨੂੰ ਵੱਖ-ਵੱਖ ਕੇਸਾਂ ਵਿਚ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਜਿਨ੍ਹਾਂ ਵਿਚ ਪੁਲਿਸ ਵਿਭਾਗ ਦੇ 4 ਅਤੇ ਹੋਰਨਾਂ ਵਿਭਾਗਾਂ ਦੇ 4 ਮੁਲਾਜਮ ਸ਼ਾਮਲ ਹਨ।

ਇਸ ਸਬੰਧੀ ਚੀਫ ਡਾਇਰੈਕਟਰ-ਕਮ-ਏ.ਡੀ.ਜੀ.ਪੀ ਵਿਜੀਲੈਂਸ ਬਿਓਰੋ ਪੰਜਾਬ ਬੀ.ਕੇ. ਉਪਲ ਨੇ ਕਿਹਾ ਕਿ ਇਸ ਦੌਰਾਨ ਬਿਓਰੋ ਨੇ ਜਨਤਕ ਸੇਵਾਵਾਂ ਅਤੇ ਹੋਰਨਾਂ ਖੇਤਰਾਂ ਵਿਚ ਭ੍ਰਿਸ਼ਟਾਚਾਰ ਨੂੰ ਰੋਕਣ ਕਰਨ ਲਈ ਆਪਣੀ ਪੂਰੀ ਕੋਸ਼ਿਸ਼ ਕੀਤੀ। ਇਸ ਦਿਸ਼ਾ ਵਿਚ ਵਿਜੀਲੈਂਸ ਦੇ ਪੜਤਾਲੀਆ ਅਧਿਕਾਰੀਆਂ ਨੇ ਰਾਜ ਦੀਆਂ ਵੱਖ-ਵੱਖ ਅਦਾਲਤਾਂ ਵਿੱਚ ਚਲਦੇ ਮੁਕੱਦਮਿਆਂ ਦੌਰਾਨ ਦੋਸ਼ੀਆਂ ਨੂੰ ਨਿਆਂਇਕ ਸਜ਼ਾਵਾਂ ਦਿਵਾਉਣ ਲਈ ਪੁਖਤਾ ਪੈਰਵੀ ਕੀਤੀ।

ਉਨ੍ਹਾਂ ਦੱਸਿਆ ਕਿ ਪਿਛਲੇ ਮਹੀਨੇ ਦੌਰਾਨ ਬਿਓਰੋ ਵੱਲੋਂ ਭ੍ਰਿਸ਼ਟਾਚਾਰ ਸਬੰਧੀ 9 ਕੇਸਾਂ ਦੇ ਚਲਾਨ ਵੱਖ-ਵੱਖ ਵਿਸ਼ੇਸ਼ ਅਦਾਲਤਾਂ ਵਿਚ ਪੇਸ਼ ਕੀਤੇ ਗਏ। ਇਸੇ ਮਹੀਨੇ ਸਰਕਾਰੀ ਕਰਮਚਾਰੀਆਂ ਖਿਲਾਫ਼ ਭ੍ਰਿਸ਼ਟਾਚਾਰ ਦੇ ਮਾਮਲਿਆਂ ਵਿਚ ਹੋਰ ਡੂੰਘਾਈ ਨਾਲ ਪੜਤਾਲ ਕਰਨ ਲਈ ਵਿਜੀਲੈਂਸ ਵਲੋਂ 6 ਮੁਕੱਦਮੇ ਵੀ ਦਰਜ ਕੀਤੇ ਗਏ। ਇਸ ਤੋ ਇਲਾਵਾ ਵਿੱਤ ਤੋ ਵੱਧ ਜਾਇਦਾਦ ਬਣਾਉਣ ਦੇ ਦੋਸ਼ ਹੇਠ ਇਕ ਕੇਸ ਦਰਜ ਕੀਤਾ ਗਿਆ ਹੈ।

ਹੋਰ ਜਾਣਕਾਰੀ ਦਿੰਦਿਆਂ ਉਨਾਂ ਦੱਸਿਆ ਕਿ ਵਿਜੀਲੈਂਸ ਵਲੋਂ ਦਰਜ ਕੀਤੇ ਕੇਸ ਦੀ ਸੁਣਵਾਈ ਦੌਰਾਨ ਪਿਛਲੇ ਮਹੀਨੇ ਵਿਸ਼ੇਸ਼ ਅਦਾਲਤ ਰੂਪਨਗਰ ਵਲੋ ਇਕ ਕੇਸ ਵਿਚ ਸਿਵਲ ਸਰਜਨ ਰੂਪਨਗਰ ਵਿਖੇ ਤਾਇਨਾਤ ਸਟੋਰ ਕੀਪਰ ਪ੍ਰੇਮ ਸ਼ਰਨ ਬਾਂਸਲ ਨੂੰ 3 ਸਾਲ ਦੀ ਕੈਦ ਅਤੇ ਦਸ ਹਜਾਰ ਰੁਪਏ ਦੇ ਜੁਰਮਾਨੇ ਦੀ ਸਜ਼ਾ ਸੁਣਾਈ ਗਈ ਹੈ।

--------